ਸਾਰਗ ਮਹਲਾ ੫ ॥ ਅਬ ਮੇਰੋ ਪੰਚਾ ਤੇ ਸੰਗੁ ਤੂਟਾ ॥ ਦਰਸਨੁ ਦੇਖਿ ਭਏ ਮਨਿ ਆਨਦ ਗੁਰ ਕਿਰਪਾ ਤੇ ਛੂਟਾ ॥੧॥ ਰਹਾਉ ॥ ਬਿਖਮ ਥਾਨ ਬਹੁਤ ਬਹੁ ਧਰੀਆ ਅਨਿਕ ਰਾਖ ਸੂਰੂਟਾ ॥ ਬਿਖਮ ਗਾਰ੍ਹ ਕਰੁ ਪਹੁਚੈ ਨਾਹੀ ਸੰਤ ਸਾਨਥ ਭਏ ਲੂਟਾ ॥ ੧॥ ਬਹੁਤੁ ਖਜਾਨੇ ਮੇਰੈ ਪਾਲੈ ਪਰਿਆ ਅਮੋਲ ਲਾਲ ਆਖੂਟਾ ॥ ਜਨ ਨਾਨਕ ਪ੍ਰਭਿ ਕਿਰਪਾ ਧਾਰੀ ਤਉ ਮਨ ਮਹਿ ਹਰਿ ਰਸੁ ਘੂਟਾ ॥ ੨॥੯॥੩੨॥ {ਪੰਨਾ 1210}

ਪਦਅਰਥ:- ਮੇਰੋ ਸੰਗੁ—ਮੇਰਾ ਸਾਥ। ਪੰਚਾ ਤੇ—ਕਾਮਾਦਿਕ ਪੰਜਾਂ ਨਾਲੋਂ। ਦੇਖਿ—ਵੇਖ ਕੇ। ਮਨਿ—ਮਨ ਵਿਚ। ਕਿਰਪਾ ਤੇ—ਕਿਰਪਾ ਨਾਲ। ਛੂਟਾ—ਸੁਤੰਤਰ ਹੋ ਗਿਆ ਹਾਂ।1। ਰਹਾਉ।

ਬਿਖਮ ਥਾਨ—ਉਹ ਥਾਂ ਜਿੱਥੇ ਪਹੁੰਚਣਾ ਬਹੁਤ ਔਖਾ ਹੈ। ਧਰੀਆ—(ਨਾਮ-ਖਜ਼ਾਨਾ) ਰੱਖਿਆ ਹੋਇਆ ਹੈ। ਰਾਖ—ਰਾਖੇ, ਕਾਮਾਦਿਕ ਰਾਖੇ। ਸੂਰੂਟਾ—ਸੂਰਮੇ। ਗਾਰ੍ਹ—ਟੋਆ, ਗੜ੍ਹਾ, ਖਾਈ। ਕਰੁ—ਹੱਥ। ਸਾਨਥ—ਸਾਥੀ।1।

ਮੇਰੈ ਪਾਲੈ—ਮੇਰੇ ਪੱਲੇ, ਮੇਰੇ ਕਾਬੂ। ਅਖੂਟਾ—ਅਖੁੱਟ। ਪ੍ਰਭਿ—ਪ੍ਰਭੂ ਨੇ। ਘੂਟਾ—ਘੁੱਟ ਘੁੱਟ ਕਰ ਕੇ ਪੀਤਾ।2।

ਅਰਥ:- ਹੇ ਭਾਈ! ਗੁਰੂ ਦੀ ਮਿਹਰ ਨਾਲ ਮੈਂ (ਕਾਮਾਦਿਕ ਦੀ ਮਾਰ ਤੋਂ) ਬਚ ਗਿਆ ਹਾਂ। ਹੁਣ (ਕਾਮਾਦਿਕ) ਪੰਜਾਂ ਨਾਲੋਂ ਮੇਰਾ ਸਾਥ ਮੁੱਕ ਗਿਆ ਹੈ (ਮੇਰੇ ਅੰਦਰ ਨਾਮ-ਖ਼ਜ਼ਾਨਾ ਲੁਕਿਆ ਪਿਆ ਸੀ, ਗੁਰੂ ਦੀ ਰਾਹੀਂ ਉਸ ਦਾ) ਦਰਸਨ ਕਰ ਕੇ ਮੇਰੇ ਮਨ ਵਿਚ ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਗਈਆਂ ਹਨ।1। ਰਹਾਉ।

ਹੇ ਭਾਈ! ਜਿਸ ਥਾਂ ਨਾਮ-ਖ਼ਜ਼ਾਨੇ ਧਰੇ ਪਏ ਸਨ, ਉਥੇ ਅੱਪੜਨਾ ਬਹੁਤ ਹੀ ਔਖਾ ਸੀ (ਕਿਉਂਕਿ ਕਾਮਾਦਿਕ) ਅਨੇਕਾਂ ਸੂਰਮੇ (ਰਾਹ ਵਿਚ) ਰਾਖੇ ਬਣੇ ਪਏ ਸਨ। (ਉਸ ਦੇ ਦੁਆਲੇ ਮਾਇਆ ਦੇ ਮੋਹ ਦੀ) ਬੜੀ ਔਖੀ ਖਾਈ ਬਣੀ ਹੋਈ ਸੀ, (ਉਸ ਖ਼ਜ਼ਾਨੇ ਤਕ) ਹੱਥ ਨਹੀਂ ਸੀ ਪਹੁੰਚਦਾ। ਜਦੋਂ ਸੰਤ ਜਨ ਮੇਰੇ ਸਾਥੀ ਬਣ ਗਏ, (ਉਹ ਟਿਕਾਣਾ) ਲੁੱਟ ਲਿਆ।1।

(ਸੰਤ ਜਨਾਂ ਦੀ ਕਿਰਪਾ ਨਾਲ) ਹਰਿ-ਨਾਮ ਦੇ ਅਮੋਲਕ ਤੇ ਅਮੁੱਕ ਲਾਲਾਂ ਦੇ ਬਹੁਤ ਖ਼ਜ਼ਾਨੇ ਮੈਨੂੰ ਮਿਲ ਗਏ। ਹੇ ਦਾਸ ਨਾਨਕ! (ਆਖ—) ਜਦੋਂ ਪ੍ਰਭੂ ਨੇ ਮੇਰੇ ਉਤੇ ਮਿਹਰ ਕੀਤੀ, ਤਦੋਂ ਮੈਂ ਆਪਣੇ ਮਨ ਵਿਚ ਹਰਿ-ਨਾਮ ਦਾ ਰਸ ਪੀਣ ਲੱਗ ਪਿਆ।2।9। 32।